File No.DIPR-DPR1/95/2020-O/o DPRO-GURDASPUR

I/29109/2020

1*ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਰੁਜ਼ਗਾਰ ਪ੍ਰਾਪਤੀ ਲਈ ਨੋਜਵਾਨ ਵੈਬਸਾਈਟ www.pgrkam.com ਤੇ ਆਪਣੇ ਆਪ ਨੂੰ ਰਜਿਸਟਰਡ ਕਰਨ

ਵਧੇਰੇ ਜਾਣਕਾਰੀ ਲਈ ਹੈਲਪ ਲਾਈਨ ਨੰਬਰ 81960-15208 ਤੇ ਕੀਤਾ ਜਾ ਸਕਦਾ ਹੈ ਸੰਪਰਕ

ਗੁਰਦਾਸਪੁਰ, 30 ਮਈ () ਸ. ਬਲਰਾਜ ਸਿੰਘ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)- ਕਮ- ਮੁੱਖ ਕਾਰਜਕਾਰੀ ਅਫਸਰ ਜਿਲਾ ਰੋਜਗਾਰ ਅਤੇ ਕਾਰੋਬਾਰ ਬਿਉਰੋ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕੋਵਿਡ-19 ਮਹਾਂਮਾਰੀ ਦੇ ਬਚਾਅ ਲਈ ਕੀਤੇ ਗਏ ਲਾਕ ਡਾਉਨ ਨੂੰ ਹੋਲੀ ਹੋਲੀ ਖੋਲਿਆ ਜਾ ਰਿਹਾ ਹੈ ਅਤੇ ਜਿਲੇ ਅੰਦਰ ਫੈਕਟਰੀਆ, ਏਜੰਸੀਆ ਅਤੇ ਹੋਰ ਕੰਮ ਕਾਜ ਕਰਨ ਵਾਲੀਆ ਸੰਸਥਾਵਾ ਨੂੰ ਚਲਾਉਣ ਲਈ ਇਜਾਜਤ ਦਿੱਤੀ ਗਈ ਹੈ। ਸਕੱਤਰ, ਰੋਜਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਰਾਹੁਲ ਤਿਵੜੀ ਦੇ ਦਿਸ਼ਾ ਨਿਰੇਦਸ਼ਾ ਅਨੁਸਾਰ 'ਮਿਸ਼ਨ ਘਰ ਘਰ ਰੋਜਗਾਰ' ਤਹਿਤ ਜਿਲ●ਾ ਰੋਜਗਾਰ ਅਤੇ ਕਾਰੋਬਾਰ ਬਿਉਰੋ ਗੁਰਦਾਸਪੁਰ ਵਲੋਂ ਪੜ●ੇ ਲਿਖੇ ਬੇਰੁਜਗਾਰ ਨੋਜਵਾਨਾਂ ਅਤੇ ਕਿਰਤੀਆ ਨੂੰ ਰੋਜਗਾਰ ਦਿਵਾਉਣ ਦੇ ਉਪਰਾਲੇ ਸ਼ੁਰੂ ਕਰ ਦਿੱਤੇ ਗਏ ਹਨ

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰੋਜਗਾਰ ਵਿਭਾਗ ਵਲੋਂ ਉਹਨਾਂ ਕਿਰਤੀਆ /ਮਜਦੂਰਾਂ ਲਈ ਜੋ ਕਿ ਫੈਕਟਰੀਆ/ਖੇਤੀਬਾੜੀ ਦੇ ਕੰਮਾਂ ਅਤੇ ਉਸਾਰੀ ਦੇ ਕੰਮਾਂ ਵਿੱਚ ਲੱਗੇ ਹੋਏ ਸਨ ਅਤੇ ਇਸ ਖੇਤਰ ਵਿੱਚ ਰੋਜਗਾਰ ਦੀ ਭਾਲ ਵਿੱਚ ਹਨ, ਉਹਨਾਂ ਲਈ ਰੋਜਗਾਰ ਦਫਤਰ ਗੁਰਦਾਸਪੁਰ ਵਲੋਂ - https://tinyurl.com/labour registrationform ਲਿੰਕ ਤਿਆਰ ਕੀਤਾ ਗਿਆ ਹੈ । ਕਿਰਤੀ ਇਸ ਲਿੰਕ ਤੇ ਆਪਣੇ ਆਪ ਨੂੰ ਰਜਿਸਟਰਡ ਕਰ ਸਕਦੇ ਹਨ ਤਾਂ ਜੋ ਉਹਨਾਂ ਨੂੰ ਉਹਨਾਂ ਦੀ ਜਰੂਰਤ ਅਨੁਸਾਰ ਕੰਮ ਮੁਹੱਈਆ ਕਰਵਾਇਆ ਜਾ ਸਕੇ। ਇਸੇ ਤਰਾ ਜੋ ਕਿਸਾਨਾਂ ਨੂੰ/ਫੈਕਟਰੀ ਮਾਲਕਾਂ ਨੂੰ, ਉਸਾਰੀ ਦੇ ਕੰਮ ਨਾਲ ਸਬੰਧਤ ਠੇਕੇਦਾਰਾਂ ਨੂੰ ਅਤੇ ਕਿਸੇ ਹੋਰ ਕੰਮ ਲਈ ਕਿਰਤੀਆ ਦੀ ਲੋੜ ਹੈ ਤਾਂ ਉਹ ਆਪਣੇ ਆਪ ਨੂੰ https://tinyurl.com/employer-registrationform ਲਿੰਕ ਤੇ ਰਜਿਸਟਰਡ ਕਰਕੇ ਆਪਣੀ ਮੰਗ ਰੋਜਗਾਰ ਦਫਤਰ ਨੂੰ ਭੇਜ ਸਕਦੇ ਹਨ ।

ਉਨਾਂ ਦੱਸਿਆ ਕਿ ਪੜ●ੇ ਲਿਖੇ ਬੇਰੁਜਗਾਰ, ਸਕਿੱਲਡ ਅਤੇ ਸੈਮੀ ਸਕਿਲਡ ਨੋਜਵਾਨ ਆਪਣੇ ਆਪ ਨੂੰ ਵਿਭਾਗ ਦੀ ਵੈਬਸਾਈਟ www.pgrk.com am ਤੇ ਰਜਿਸਟਰਡ ਕਰਨ ਤਾਂ ਜੋ ਇਹਨਾਂ ਨੋਜਵਾਨਾਂ ਨੂੰ ਉਹਨਾਂ ਦੀ ਯੋਗਤਾ ਅਨੁਸਾਰ ਰੋਜਗਾਰ ਦਿਵਾਇਆ ਜਾ ਸਕੇ ਅਤੇ ਨਾਲ ਹੀ ਜੋ ਨੋਜਵਾਨ ਆਪਣਾ ਸਵੈ ਰੋਜਗਾਰ ਕਰਨਾ ਚਾਹੁੰਦੇ ਹਨ ਅਤੇ ਸਰਕਾਰ ਵਲੋਂ ਵਿੱਤੀ ਮਦਦ/ਕਰਜਾ ਲੈਣ ਦੇ ਚਾਹਵਾਨ ਹਨ, ਉਹ https://tinyurl.com/self-employment ਲਿੰਕ ਤੇ ਆਪਣੇ ਆਪ ਨੂੰ ਰਜਿਸਟਰਡ ਕਰਨ। ਇਸ ਲਿੰਕ ਤੇ ਰਜਿਟਰਡ ਹੋਏ ਪ੍ਰਾਰਥੀਆ ਨੂੰ ਲੋਨ ਦਿਵਾਉਣ ਵਿਭਾਗ ਵਲੋਂ ਪੂਰੀ ਮਦਦ ਕੀਤੀ ਜਾਵੇਗੀ ।

ਇਸ ਮੋਕੇ ਜਿਲਾ ਰੋਜਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਅਫਸਰ ਸ਼੍ਰੀ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਦਫਤਰਾਂ ਵਿੱਚ ਪਬਲਿਕ ਡਿਲਿੰਗ ਅਜੇ ਬੰਦ ਹੈ, ਇਸ ਲਈ ਜਿਲਾ ਰੋਜਗਾਰ ਦਫਤਰ ਵਲੋਂ ਬੇਰੁਜਗਾਰ ਪ੍ਰਾਰਥੀਆ ਦੀ ਮਦਦ ਲਈ ਹੈਲਪ ਲਾਈਨ ਨੰਬਰ 81960-15208 ਜਾਰੀ ਕੀਤਾ ਗਿਆ ਹੈ । ਜੋ ਵੀ ਪ੍ਰਾਰਥੀ ਕਿਸੇ ਵੀ ਤਰ●ਾ ਦੀ ਕੋਈ ਜਾਣਕਾਰੀ ਲੈਣਾ ਚਾਹੁੰਦਾ ਹੈ ਤਾਂ ਉਹ ਇਸ ਨੰਬਰ ਤੇ ਕੰਮ ਵਾਲੇ ਦਿਨ ਸਵੇਰੇ 9:00 ਵਜੇ ਤੋਂ ਲੈ ਕੇ ਸ਼ਾਮ 5:00 ਵਜੇ ਤੱਕ ਫੋਨ ਕਰ ਸਕਦਾ ਹੈ ਅਤੇ ਵੈਟਸਐਪ ਮੈਸਿਜ ਵੀ ਭੇਜ ਕੇ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ। ਦਫਤਰ ਵਲੋਂ ਇੱਕ ਈਮੇਲ ਆਈ.ਡੀ employmenthelpline.gsp@gmail.com ਵੀ ਜਾਰੀ ਕੀਤੀ ਗਈ ਹੈ । ਰੋਜਗਾਰ ਅਤੇ ਸਵੈਰੋਜਗਾਰ ਨਾਲ ਸਬੰਧਤ ਕੋਈ ਵੀ ਜਾਣਕਾਰੀ ਲੈਣ ਲਈ ਇਸ ਈਮੇਲ ਤੇ ਲਿਖ ਕੇ ਭੇਜਿਆ ਜਾ ਸਕਦਾ ਹੈ। ਦਫਤਰ ਵਲੋਂ ਫੋਨ ਰਾਹੀਂ ਕਾਉਂਸਲਿੰਗ ਦੇ ਚਾਹਵਾਨ ਪ੍ਰਾਰਥੀਆ ਨੂੰ ਆਨ ਲਾਈਨ ਕਾਉਂਸਲਿੰਗ ਵੀ ਦਿੱਤੀ ਜਾ ਰਹੀ ਹੈ । ਕਿਸੇ ਤਰਾ ਦੀ ਵੀ ਪ੍ਰੀਖਿਆ ਦੀ ਤਿਆਰੀ ਜਾਂ ਦਾਖਲੇ ਸਬੰਧੀ ਜਾਣਕਾਰੀ ਲੈਣ ਲਈ ਇਸ ਹੈਲਪ ਲਾਈਨ ਨੰਬਰ ਜਾਂ ਈਮੇਲ ਆਈ.ਡੀ ਤੇ ਮੈਸਿਜ ਭੇਜ ਕੇ ਪ੍ਰਾਪਤ ਕੀਤੀ ਜਾ ਸਕਦੀ ਹੈ।

---------------ਕੈਪਸ਼ਨ---

ਸ. ਬਲਰਾਜ ਸਿੰਘ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਦਾਸਪੁਰ।

File No.DIPR-DPR1/96/2020-O/o DPRO-GURDASPUR

I/29111/2020

2*ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਪੰਜਾਬ ਸਰਕਾਰ ਵਲੋਂ ਝੋਨੇ ਦੀ ਲੁਆਈ/ਸਿੱਧੀ ਬਿਜਾਈ ਅਤੇ ਮੱਕੀ ਦੀ ਕਾਸ਼ਤ ਨੂੰ ਹੋਰ ਵਧੇਰੇ ਉਤਸ਼ਾਹਿਤ ਕਰਨ ਲਈ ਉਪਰਾਲੇ-ਵਿਧਾਇਕ ਪਾਹੜਾ

ਗੁਰਦਾਸਪੁਰ, 30 ਮਈ ( ) ਸ. ਬਰਿੰਦਰਮੀਤ ਸਿੰਘ ਪਾਹੜਾ ਹਲਕਾ ਵਿਧਾਇਕ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬੇ ਵਿੱਚ ਸਾਉਣੀ ਸੀਜ਼ਨ ਦੌਰਾਨ ਝੋਨੇ ਦੀ ਲੁਆਈ/ਸਿੱਧੀ ਬਿਜਾਈ ਅਤੇ ਮੱਕੀ ਦੀ ਕਾਸ਼ਤ ਨੂੰ ਹੋਰ ਵਧੇਰੇ ਉਤਸ਼ਾਹਤ ਕਰਨ ਲਈ ਪੰਜਾਬ ਸਰਕਾਰ ਨੇ ਇਸ ਮੰਤਵ ਲਈ ਵਰਤੀ ਜਾਣ ਵਾਲੀ ਖੇਤੀ ਮਸ਼ੀਨਰੀ ਦੀ ਖਰੀਦ 'ਤੇ 50 ਫੀਸਦੀ ਤੱਕ ਸਬਸਿਡੀ ਦੇਣ ਦਾ ਫੈਸਲਾ ਕੀਤਾ ਹੈ ਜਿਸ ਨਾਲ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਣ ਤੋਂ ਇਲਾਵਾ ਕੋਵਿਡ-19 ਦੀਆਂ ਬੰਦਿਸ਼ਾਂ ਦੇ ਮੱਦੇਨਜ਼ਰ ਕਿਸਾਨਾਂ ਨੂੰ ਮਜ਼ਦੂਰਾਂ ਦੀ ਕਮੀ ਨਾਲ ਨਜਿੱਠਣ ਵਿੱਚ ਵੀ ਮਦਦ ਮਿਲੇਗੀ।

ਵਿਧਾਇਕ ਪਾਹੜਾ ਨੇ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਖੇਤੀ ਮਸ਼ੀਨਰੀ 'ਤੇ ਕਿਸਾਨ ਬੀਬੀਆਂ/ਛੋਟੇ ਤੇ ਸੀਮਾਂਤ ਕਿਸਾਨਾਂ ਨੂੰ 50 ਫੀਸਦੀ ਅਤੇ ਬਾਕੀ ਕਿਸਾਨਾਂ ਨੂੰ 40 ਫੀਸਦੀ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਉਨਾਂ ਨੇ ਅੱਗੇ ਦੱਸਿਆ ਕਿ ਸਬਸਿਡੀ ਹੇਠ ਆਉਣ ਵਾਲੀ ਮਸ਼ੀਨਰੀ ਵਿੱਚ ਝੋਨੇ ਦੀ ਸਿੱਧੀ ਬਿਜਾਈ ਲਈ ਮਸ਼ੀਨਾਂ, ਸਪਰੇਅ ਅਟੈਚਮੈਂਟ ਜਾਂ ਅਟੈਚਮੈਂਟ ਤੋਂ ਬਗੈਰ, ਝੋਨੇ ਦੀ ਪਨੀਰੀ ਲਾਉਣ ਵਾਲੀਆਂ ਮਸ਼ੀਨਾਂ, ਝੋਨੇ ਦੀ ਮਸ਼ੀਨੀ ਲੁਆਈ ਲਈ ਪਨੀਰੀ ਬੀਜਣ ਵਾਲੇ ਉਪਕਰਨ, ਮੱਕੀ ਦੇ ਦਾਣਿਆਂ ਨੂੰ ਸੁਕਾਉਣ ਲਈ ਮਸ਼ੀਨਾਂ (ਪੋਰਟੇਬਲ) ਅਤੇ ਮੱਕੀ ਥਰੈਸ਼ਰ/ਸ਼ੈਲਰ/ਫੋਰੇਜ਼ ਹਾਰਵੈਸਟਰ/ਮਲਟੀ ਕਰਾਪ ਥਰੈਸ਼ਰ ਆਦਿ ਸ਼ਾਮਲ ਹਨ।

ਵਿਧਾਇਕ ਪਾਹੜਾ ਨੇ ਅੱਗੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਸੂਬਾ ਸਰਕਾਰ ਨੇ ਕਿਸਾਨਾਂ ਨੂੰ ਮੁੱਖ ਖੇਤੀਬਾੜੀ ਦੇ ਨਾਲ ਸਹਾਇਕ ਧੰਦਿਆਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ ਉਪਰਾਲੇ ਕੀਤੇ ਹਨ ਅਤੇ ਖੇਤੀਬਾੜੀ ਵਿਭਾਗ ਕਿਸਾਨਾਂ ਨੂੰ ਸਹਾਇਕ ਕਿੱਤੇ ਅਪਣਾਉਣ ਲਈ ਪ੍ਰੇਰਿਤ ਕਰ ਰਿਹਾ ਹੈ।

-----------ਕੈਪਸ਼ਨ---

ਸ. ਬਰਿੰਦਰਮੀਤ ਸਿੰਘ ਪਾਹੜਾ ਹਲਕਾ ਵਿਧਾਇਕ ਗੁਰਦਾਸਪੁਰ।

File No.DIPR-DPR1/97/2020-O/o DPRO-GURDASPUR

I/29118/2020

3*ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

04 ਕੋਰੋਨਾ ਪੀੜਤ ਮਰੀਜ ਘਰਾਂ ਨੂੰ ਪਰਤੇ-ਜਿਲੇ ਵਿਚ ਹੁਣ 07 ਐਕਟਿਵ ਕੋਰੋਨਾ ਪੀੜਤ ਮਰੀਜ਼

ਗੁਰਦਾਸਪੁਰ, 30 ਮਈ (      ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਰੋਨਾ ਪੀੜਤ 11 ਐਕਟਿਵ ਮਰੀਜਾਂ ਵਿਚੋਂ ਅੱਜ 04 ਕੋਰੋਨਾ ਵਾਇਰਸ ਪੀੜਤਾਂ ਨੂੰ ਘਰ ਭੇਜ (home isolation) ਦਿੱਤਾ ਗਿਆ। ਇਹ 04 ਗਰਭਵਤੀ ਔਰਤਾਂ ਸਨ ਜੋ ਬਟਾਲਾ ਹਸਪਤਾਲ ਵਿਖੇ ਦਾਖਲ ਸਨ। ਇਸ ਤਰਾਂ ਹੁਣ ਜਿਲੇ ਵਿਚ 07 ਐਕਟਿਵ ਕੋਰੋਨਾ ਪੀੜਤ ਮਰੀਜ਼ ਹਨ।

ਸਿਵਲ ਸਰਜਨ ਨੇ ਅੱਗੇ  ਦੱਸਿਆ ਕਿ ਜ਼ਿਲੇ ਅੰਦਰ 139 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ।  129 ਮਰੀਜਾਂ ਠੀਕ ਹੋ ਕੇ ਘਰ ਨੂੰ ਭੇਜੇ ਗਏ ਹਨ (122 ਠੀਕ ਹੋਏ ਹਨ, 07 ਘਰਾਂ ਅੰਦਰ ਏਕਾਂਤਵਾਸ ਕੀਤੇ ਗਏ ਹਨ)।  ਜਿਲੇ ਅੰਦਰ ਐਕਟਿਵ 07 ਕੋਰੋਨਾ ਪੀੜਤ ਹਨ। ਉਨਾਂ ਵਿਚ ਕੋਰੋਨਾ ਵਾਇਰਸ ਦੇ ਨਿਰਧਾਰਿਤ ਲੱਛਣ ਨਹੀਂ ਹਨ ਅਤੇ ਉਹ ਤੰਦਰੁਸਤ ਹਨ।

ਸਿਵਲ ਸਰਜਨ ਨੇ ਦੱਸਿਆ ਕਿ ਬਟਾਲਾ ਵਿਖੇ ਸਿਹਤ ਅਧਿਕਾਰੀਆਂ ਨੇ ਘਰਾਂ ਨੂੰ ਪਰਤ ਰਹੇ ਮਰੀਜਾਂ ਨੂੰ ਸਨਮਾਨਿਤ ਕੀਤਾ ਤੇ ਇਸ ਮੌਕੇ ਘਰ ਜਾ ਪਰਤ ਰਹੀਆਂ ਔਰਤਾਂ ਨੇ ਕਿਹਾ ਕਿ ਜਿਲਾ ਪ੍ਰਸ਼ਾਸਨ ਵਲੋਂ ਉਨਾਂ ਦੇ ਰਹਿਣ ਅਤੇ ਖਾਣੇ ਦੇ ਬਹੁਤ ਵਧੀਆਂ ਇੰਤਜ਼ਾਮ ਕੀਤੇ ਹੋਏ ਸਨ, ਜਿਸ ਲਈ ਉਹ ਪ੍ਰਸ਼ਾਸਨ ਦਾ ਧੰਨਵਾਦ ਕਰਦੇ ਹਨ।

ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਜਿਲੇ ਅੰਦਰ ਕੁਲ 3260 ਸ਼ੱਕੀ ਮਰੀਜਾਂ ਵਿਚੋਂ 2993 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਸੀ, 139 ਕੋਰੋਨਾ ਵਾਇਰਸ ਪੀੜਤ, 124 ਪੈਂਡਿੰਗ ਅਤੇ 04 ਸੈਂਪਲ ਰਿਜੈਕਟ ਕੀਤੇ ਗਏ ਹਨ।

--------------